# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

**13:10**

**ਮਿਤੀ :30-08-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਿਤ ਭਾਰਤ ਲਈ ਨਸ਼ਾ-ਮੁਕਤ ਯੁਵਾ' ਮੁਹਿੰਮ ਪੂਰੇ ਦੇਸ਼ ਭਰ ਵਿੱਚ ਤੇਜ਼ੀ ਨਾਲ ਰਫ਼ਤਾਰ ਫੜ ਰਹੀ ਏ। ਅੱਜ ਸਵੇਰੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕਰਦਿਆਂ, ਸ੍ਰੀ ਮੋਦੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਨਸ਼ਾ-ਮੁਕਤ ਯੁਵਾ ਅਤੇ ਨਸ਼ਾ-ਮੁਕਤ ਭਾਰਤ ਦੇ ਟੀਚੇ ਵਾਲੀ ਇਹ ਮੁਹਿੰਮ ਸਿਰਫ਼ ਇੱਕ ਰਸਮੀ ਕਾਰਵਾਈ ਨਹੀਂ ਏ ਕਿਉਂਕਿ ਬਹੁਤ ਸਾਰੇ ਲੋਕ, ਖਾਸ ਕਰਕੇ ਨੌਜਵਾਨ, ਵੱਡੀ ਗਿਣਤੀ ਵਿੱਚ ਇਸ ਵਿੱਚ ਸ਼ਾਮਿਲ ਹੋ ਰਹੇ ਨੇ. ਉਨ੍ਹਾਂ ਕਿਹਾ ਕਿ ਇਹ ਭਾਰਤ ਦੇ ਨੌਜਵਾਨਾਂ ਦੀ ਸਿਹਤ, ਖੁਸ਼ੀ ਅਤੇ ਰੌਸ਼ਨ ਭਵਿੱਖ ਲਈ ਇੱਕ ਸਮੂਹਿਕ ਅਹਿਦ ਏ –

byte - PM ON DRUG FREE YOUTH - 27 SECS

ਪ੍ਰਧਾਨ ਮੰਤਰੀ ਨੇ ਕਿਹਾ, ਨਸ਼ਿਆਂ ਦੀ ਲਤ ਸਿਰਫ਼ ਇੱਕ ਵਿਅਕਤੀ ਨੂੰ ਹੀ ਆਪਣੀ ਚਪੇਟ ‘ਚ ਨਹੀਂ ਲੈਂਦੀ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਇਸਦੇ ਨਤੀਜੇ ਭੁਗਤਣੇ ਪੈਂਦੇ ਨੇ. ਪ੍ਰਧਾਨਮੰਤਰੀ ਨੇ ਉਨ੍ਹਾਂ ਲੋਕਾਂ ਦੀ ਸ਼ਲਾਘਾ ਕੀਤੀ ਜੋ ਨਸ਼ਾ-ਮੁਕਤੀ ਨਾਲ ਜੂਝ ਰਹੇ ਵਿਅਕਤੀਆਂ ਦੀ ਮਦਦ ਲਈ ਅੱਗੇ ਆਉਂਦੇ ਨੇ. ਸ੍ਰੀ ਮੋਦੀ ਨੇ ਲੋਕਾਂ ਨੂੰ ਨਸ਼ਾ-ਮੁਕਤ ਭਾਰਤ ਲਈ ਇੱਕ ਸ਼ਕਤੀਸ਼ਾਲੀ ਨਾਅਰਾ ਦੇਣ ਅਤੇ ਨੌਜਵਾਨ ਸੰਗੀਤਕਾਰਾਂ ਨੂੰ ਨਸ਼ਾ-ਮੁਕਤ ਜੀਵਨ ਦਾ ਸੁਨੇਹਾ ਦੇਣ ਵਾਲੇ ਗੀਤ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ, ਦੇਸ਼ ਵਿੱਚ ਸ਼ਾਨਦਾਰ CONTENT CREATORS ਦੀ ਕੋਈ ਘਾਟ ਨਹੀਂ ਏ । ਸ੍ਰੀ ਮੋਦੀ ਨੇ ਕਿਹਾ ਕਿ, ਉਹ ਆਪਣੀ ਰਚਨਾਤਮਕਤਾ ਨੂੰ ਸਮਾਜਿਕ ਤਬਦੀਲੀ ਲਈ ਇੱਕ ਮਾਧਿਅਮ ਵਜੋਂ ਵਰਤ ਸਕਦੇ ਨੇ.

-------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਦੇ ਲੋਕਾਂ ਨੂੰ ਬਿਮਾਰੀਆਂ ਤੋਂ ਦੂਰ ਰਹਿਣ ਲਈ ਰੋਜ਼ਾਨਾ ਦੀ ਜੀਵਨ ਜਾਚ ਵਿੱਚ ਸਿਹਤਮੰਦ ਰੁਟੀਨ ਅਪਣਾਉਣ ਦੀ ਅਪੀਲ ਕੀਤੀ ਏ । ਵਧ ਰਹੇ ਸਿਹਤ ਸੰਕਟ 'ਤੇ ਡੂੰਘੀ ਚਿੰਤਾ ਪ੍ਰਗਟ

ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਆਧੁਨਿਕ ਅਤੇ ਸੁਸਤ ਜੀਵਨ ਜਾਚ ਕਾਰਨ ਲੋਕ ਗੰਭੀਰ ਬੀਮਾਰੀਆਂ ਦੀ ਲਪੇਟ ਵਿੱਚ ਆ ਰਹੇ ਨੇ. ਉਨ੍ਹਾਂ ਨੇ ਰੋਜ਼ਾਨਾ ਘੱਟੋ-ਘੱਟ ਅੱਧਾ ਘੰਟਾ ਯੋਗ ਅਤੇ ਅੱਧਾ ਘੰਟਾ ਸੈਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਅੱਜ-ਕੱਲ੍ਹ ਦੀ ਤਣਾਅਪੂਰਨ ਜ਼ਿੰਦਗੀ ਵਿੱਚ ਰੋਜ਼ਾਨਾ ਸਰੀਰਕ ਕਸਰਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਸਪੀਕਰ ਨੇ ਖਾਣ-ਪੀਣ ਦੀਆਂ ਆਦਤਾਂ ਬਾਰੇ ਵੀ ਗੰਭੀਰ ਚੇਤਾਵਨੀ ਦਿੰਦਿਆਂ ਨਾਗਰਿਕਾਂ ਨੂੰ ਬਾਜ਼ਾਰ ਦੀਆਂ ਮਿਠਾਈਆਂ ਅਤੇ ਫਾਸਟ ਫੂਡ ਤੋਂ ਪੂਰੀ ਤਰ੍ਹਾਂ ਦੂਰ ਰਹਿਣ ਦੀ ਸਲਾਹ ਦਿੱਤੀ। ਉਨ੍ਹਾਂ ਜ਼ੋਰ ਦਿੱਤਾ ਕਿ ਫਲਾਂ ਅਤੇ ਜੈਵਿਕ ਸਬਜ਼ੀਆਂ ਨਾਲ ਭਰਪੂਰ ਖੁਰਾਕ ਹੀ ਲੰਮੇ ਸਮੇਂ ਦੀ ਅਰੋਗਤਾ ਦਾ ਇੱਕੋ – ਇੱਕ ਰਾਹ ਏ. ਇਸ ਦੇ ਨਾਲ ਹੀ ਸਪੀਕਰ ਸੰਧਵਾਂ ਨੇ ਸੂਬੇ ਦੇ ਸਮਾਜਿਕ ਤਾਣੇ-ਬਾਣੇ ਵੱਲ ਧਿਆਨ ਦਿਵਾਉਂਦਿਆਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਲਈ ਉਨ੍ਹਾਂ ਨਾਲ ਸਰਗਰਮੀ ਨਾਲ ਜੁੜਨ।

--------------------------------------------------------

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਗੁਰਦਾਸਪੁਰ ਜ਼ਿਲ੍ਹੇ

ਦੇ ਰਾਈਸ ਮਿਲਰਜ਼ ਦੀ ਇੱਕ ਅਹਿਮ ਮੀਟਿੰਗ ‘ਚ ਸ਼ਿਰਕਤ ਕੀਤੀ. ਇਸ ਮੌਕੇ ਐਸੋਸੀਏਸ਼ਨ ਵਲੋਂ ਆਉਣ ਵਾਲੀ ਰੁਤ ਨੂੰ ਵੇਖਦਿਆਂ ਚੌਲਾਂ 'ਤੇ ਲੱਗੇ ਇੱਕ ਫੀਸਦ ਟੈਕਸ ਖਤਮ ਕਰਨ, ਰੁਤ ਤੋਂ ਪਹਿਲਾਂ ਗੁਦਾਮ ਖਾਲੀ ਕਰਨ ਸਮੇਤ ਵੱਖ ਵੱਖ ਮੰਗਾਂ ਰੱਖੀਆਂ ਗਈਆਂ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਕੈਬਨਿਟ ਮੰਤਰੀ ਵਲੋਂ ਭਰੋਸਾ ਦਿੱਤਾ ਗਿਆ। ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਰੇ ਰਾਈਸ ਮਿਲਰਜ਼ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਨੇ ਅਤੇ ਉਹਨਾਂ ਨੂੰ ਤੁਰੰਤ ਹੱਲ ਕੀਤਾ ਜਾਏਗਾ ਤਾਂ ਜੋ ਝੋਨੇ ਦੀ ਆਉਣ ਵਾਲੀ ਰੁਤ ਵਿੱਚ ਉਹਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

-------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਲ੍ਹ ਨੰਗਲ ਤੋਂ ਸੂਬੇ ਭਰ ਵਿੱਚ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸਾਰੇ ਗਾਰਬੇਜ ਵੁਲਨੇਰੇਬਲ ਪੁਆਇੰਟਸ (ਜੀਵੀਪੀਜ਼) ਨੂੰ ਖ਼ਤਮ ਕਰਕੇ ਪੰਜਾਬ ਨੂੰ ਕੂੜਾ ਮੁਕਤ ਬਣਾਉਣ ਦਾ ਅਹਿਦ ਲਿਆ। ਸ਼੍ਰੀ ਬੈਂਸ ਦੀ ਅਗਵਾਈ ਹੇਠ ਸਫ਼ਾਈ ਸੇਵਕਾਂ, ਸਥਾਨਕ ਕੌਂਸਲਰਾਂ ਅਤੇ ਸ਼ਹਿਰ ਵਾਸੀਆਂ ਨੇ ਸਫ਼ਾਈ

ਮੁਹਿੰਮ ਵਿੱਚ ਹਿੱਸਾ ਲਿਆ। 29 ਅਗਸਤ ਤੋਂ 7 ਸਤੰਬਰ ਤੱਕ ਚੱਲਣ ਵਾਲੀ ਇਸ ਮੁਹਿੰਮ ਦਾ ਉਦੇਸ਼ ਲੋਕਾਂ ਦੀ ਹਿੱਸੇਦਾਰੀ ਰਾਹੀਂ ਪੰਜਾਬ ਨੂੰ ਹੋਰ ਸਾਫ਼-ਸੁਥਰਾ ਅਤੇ ਸੋਹਣਾ ਬਣਾਉਣਾ ਏ । ਇਸ ਮੌਕੇ ਬੋਲਦਿਆਂ ਮੰਤਰੀ ਨੇ ਕਿਹਾ ਕਿ ਵਿਸ਼ੇਸ਼ ਮੁਹਿੰਮ ਦਾ ਉਦੇਸ਼ ਸ਼ਹਿਰਾਂ ਅਤੇ ਕਸਬਿਆਂ ਵਿੱਚ ਖੁੱਲ੍ਹੇਆਮ ਕੂੜਾ ਸੁੱਟਣ ਵਾਲੀਆਂ ਥਾਵਾਂ ਨੂੰ ਖ਼ਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਤੇਜ਼ ਕਰਨਾ ਏ । ਸ਼੍ਰੀ ਬੈਂਸ ਨੇ ਕਿਹਾ ਕਿ ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਆਮ ਲੋਕਾਂ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਏ । ਨਾਗਰਿਕ ਆਪਣੇ ਇਲਾਕਿਆਂ ਵਿੱਚ ਮੌਜੂਦ ਕੂੜਾ ਇਕਠਾ ਹੋ ਸਕਣ ਵਾਲੀਆਂ ਥਾਵਾਂ ਦੀਆਂ ਤਸਵੀਰਾਂ ਪੰਜਾਬ ਸਰਕਾਰ ਦੀ ਐਮ-ਸੇਵਾ ਐਪ ’ਤੇ ਅਪਲੋਡ ਕਰ ਸਕਦੇ ਨੇ. ਹਰ ਸ਼ਿਕਾਇਤ ਲਈ ਇੱਕ ਵਿਲੱਖਣ ਆਈ.ਡੀ. ਜਾਰੀ ਕੀਤੀ ਜਾਵੇਗੀ, ਜਿਸ ਰਾਹੀਂ ਲੋਕ ਆਪਣੀ ਸ਼ਿਕਾਇਤ ਦੀ ਸਥਿਤੀ ਨੂੰ ਟਰੈਕ ਕਰ ਸਕਣਗੇ ਅਤੇ ਸੰਬੰਧਿਤ ਥਾਂ ਦੀ ਸਫ਼ਾਈ ਲਈ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇਗੀ ।

---------------------------------------------------

ਸੂਬੇ ਵਿੱਚ ਚੱਲ ਰਹੀ ਮੁਹਿੰਮ ’ਗੈਂਗਸਟਰਾਂ 'ਤੇ ਵਾਰ’ ਦੇ 221ਵੇਂ ਦਿਨ, ਪੰਜਾਬ ਪੁਲਿਸ ਨੇ ਕਲ੍ਹ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 595 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ।

ਪੁਲਿਸ ਟੀਮਾਂ ਨੇ ਕਲ੍ਹ 16 ਹਥਿਆਰਾਂ ਸਮੇਤ 389 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 66,046 ਹੋ ਗਈਆਂ।